ਬਸੰਤੁ ਮਹਲਾ ੫ ॥ਤਿਸੁ ਤੂ ਸੇਵਿ ਜਿਨਿ ਤੂ ਕੀਆ ॥ ਤਿਸੁ ਅਰਾਧਿ ਜਿਨਿ ਜੀਉ ਦੀਆ ॥ ਤਿਸ ਕਾ ਚਾਕਰੁ ਹੋਹਿ ਫਿਰਿ ਡਾਨੁ ਨ ਲਾਗੈ ॥ ਤਿਸ ਕੀ ਕਰਿ ਪੋਤਦਾਰੀ ਫਿਰਿ ਦੂਖੁ ਨ ਲਾਗੈ ॥ ੧॥ ਏਵਡ ਭਾਗ ਹੋਹਿ ਜਿਸੁ ਪ੍ਰਾਣੀ ॥ ਸੋ ਪਾਏ ਇਹੁ ਪਦੁ ਨਿਰਬਾਣੀ ॥੧॥ ਰਹਾਉ ॥ ਦੂਜੀ ਸੇਵਾ ਜੀਵਨੁ ਬਿਰਥਾ ॥ ਕਛੂ ਨ ਹੋਈ ਹੈ ਪੂਰਨ ਅਰਥਾ ॥ ਮਾਣਸ ਸੇਵਾ ਖਰੀ ਦੁਹੇਲੀ ॥ ਸਾਧ ਕੀ ਸੇਵਾ ਸਦਾ ਸੁਹੇਲੀ ॥੨॥ ਜੇ ਲੋੜਹਿ ਸਦਾ ਸੁਖੁ ਭਾਈ ॥ ਸਾਧੂ ਸੰਗਤਿ ਗੁਰਹਿ ਬਤਾਈ ॥ ਊਹਾ ਜਪੀਐ ਕੇਵਲ ਨਾਮ ॥ ਸਾਧੂ ਸੰਗਤਿ ਪਾਰਗਰਾਮ ॥ ੩॥ ਸਗਲ ਤਤ ਮਹਿ ਤਤੁ ਗਿਆਨੁ ॥ ਸਰਬ ਧਿਆਨ ਮਹਿ ਏਕੁ ਧਿਆਨੁ ॥ ਹਰਿ ਕੀਰਤਨ ਮਹਿ ਊਤਮ ਧੁਨਾ ॥ ਨਾਨਕ ਗੁਰ ਮਿਲਿ ਗਾਇ ਗੁਨਾ ॥ ੪॥੮॥ {ਪੰਨਾ 1182}

ਪਦਅਰਥ:- ਸੇਵਿ—ਸੇਵਾ-ਭਗਤੀ ਕਰ। ਜਿਨਿ—ਜਿਸ (ਪ੍ਰਭੂ) ਨੇ। ਤੂ—ਤੈਨੂੰ। ਜੀਉ—ਜਿੰਦ। ਤਿਸ ਕਾ—{ਸੰਬੰਧਕ 'ਕਾ' ਦੇ ਕਾਰਨ ਲਫ਼ਜ਼ 'ਤਿਸੁ' ਦਾ ੁ ਉੱਡ ਗਿਆ ਹੈ}। ਚਾਕਰੁ—ਦਾਸ। ਹੋਹਿ—ਜੇ ਤੂੰ ਬਣ ਜਾਏਂ। ਡਾਨੁ—ਡੰਨ, ਜਮਾਂ ਦਾ ਡੰਡ। ਪੋਤਦਾਰੀ—{ਪੋਤਹ—ਖ਼ਜ਼ਾਨਾ। ਪੋਤਹਦਾਰ—ਖ਼ਜ਼ਾਨਚੀ} ਖ਼ਜ਼ਨਾਚੀ ਦਾ ਕੰਮ।1।

ਏਵਡ ਭਾਗ—ਏਡੇ ਵੱਡੇ ਭਾਗ, ਬੜੀ ਕਿਸਮਤ। ਪਦੁ ਨਿਰਬਾਣੀ—ਉਹ ਆਤਮਕ ਦਰਜਾ ਜਿੱਥੇ ਕੋਈ ਵਾਸਨਾ ਪੋਹ ਨਾਹ ਸਕੇ। ਨਿਰਬਾਣੀ—ਵਾਸਨਾ-ਰਹਿਤ।1। ਰਹਾਉ।

ਦੂਜੀ—ਪ੍ਰਭੂ ਤੋਂ ਬਿਨਾ ਕਿਸੇ ਹੋਰ ਦੀ। ਬਿਰਥਾ—ਵਿਅਰਥ। ਅਰਥਾ—ਲੋੜ, ਗ਼ਰਜ਼। ਖਰੀ—ਬਹੁਤ। ਦੁਹੇਲੀ—ਦੁਖਦਾਈ। ਸਾਧ—ਗੁਰੂ। ਸੁਹੇਲੀ—ਸੁਖ ਦੇਣ ਵਾਲੀ।2।

ਭਾਈ—ਹੇ ਭਾਈ! {ਸੰਬੋਧਨ}। ਗੁਰਹਿ—ਗੁਰੂ ਨੇ। ਊਹਾ—ਸਾਧ ਸੰਗਤਿ ਵਿਚ। ਜਪੀਐ—ਜਪੀਦਾ ਹੈ। ਪਾਰਗਰਾਮ—ਪਾਰ ਗਾਮਿਨ, ਪਾਰ ਗਾਮੀ, (ਸੰਸਾਰ-ਸਮੁੰਦਰ ਤੋਂ) ਪਾਰ ਲੰਘਣ ਜੋਗਾ।3।

ਗਿਆਨੁ—ਪਰਮਾਤਮਾ ਨਾਲ ਜਾਣ-ਪਛਾਣ, ਆਤਮਕ ਜੀਵਨ ਦੀ ਸੂਝ। ਤਤੁ—ਸ੍ਰੇਸ਼ਟ ਵਿਚਾਰ। ਧਿਆਨ—ਸਮਾਧੀ। ਕੀਰਤਨ—ਸਿਫ਼ਤਿ-ਸਾਲਾਹ। ਧੁਨਾ—ਲਗਨ, ਸੁਰਤਿ। ਗੁਰ ਮਿਲਿ—ਗੁਰੂ ਨੂੰ ਮਿਲ ਕੇ।4।

ਅਰਥ:- ਹੇ ਭਾਈ! ਜਿਸ ਮਨੁੱਖ ਦੇ ਬੜੇ ਵੱਡੇ ਭਾਗ ਹੋਣ, ਉਸ ਮਨੁੱਖ ਨੂੰ ਉਹ ਆਤਮਕ ਅਵਸਥਾ ਪ੍ਰਾਪਤ ਹੋ ਜਾਂਦੀ ਹੈ ਜਿੱਥੇ ਕੋਈ ਵਾਸਨਾ ਪੋਹ ਨਹੀਂ ਸਕਦੀ।1।

ਹੇ ਭਾਈ! ਜਿਸ ਪਰਮਾਤਮਾ ਨੇ ਤੈਨੂੰ ਪੈਦਾ ਕੀਤਾ ਹੈ, ਉਸ ਦੀ ਸੇਵਾ-ਭਗਤੀ ਕਰਿਆ ਕਰ। ਜਿਸ ਨੇ ਤੈਨੂੰ ਜਿੰਦ ਦਿੱਤੀ ਹੈ ਉਸ ਦਾ ਨਾਮ ਸਿਮਰਿਆ ਕਰ। ਜੇ ਤੂੰ ਉਸ (ਪਰਮਾਤਮਾ) ਦਾ ਦਾਸ ਬਣਿਆ ਰਹੇਂ, ਤਾਂ ਤੈਨੂੰ (ਜਮ ਆਦਿਕ ਕਿਸੇ ਵਲੋਂ ਭੀ) ਡੰਨ ਨਹੀਂ ਲੱਗ ਸਕਦਾ। (ਬੇਅੰਤ ਭੰਡਾਰਿਆਂ ਦੇ ਮਾਲਕ) ਉਸ ਪਰਮਾਤਮਾ ਦਾ ਸਿਰਫ਼ ਭੰਡਾਰੀ ਬਣਿਆ ਰਹੁ (ਫਿਰ ਉਸ ਦੇ ਦਿੱਤੇ ਕਿਸੇ ਪਦਾਰਥ ਦੇ ਖੁੱਸ ਜਾਣ ਤੇ) ਤੈਨੂੰ ਕੋਈ ਦੁੱਖ ਨਹੀਂ ਵਿਆਪੇਗਾ।1।

ਹੇ ਭਾਈ! (ਪਰਮਾਤਮਾ ਨੂੰ ਛੱਡ ਕੇ) ਕਿਸੇ ਹੋਰ ਦੀ ਖ਼ਿਦਮਤ ਵਿਚ ਜ਼ਿੰਦਗੀ ਵਿਅਰਥ ਚਲੀ ਜਾਂਦੀ ਹੈ, ਤੇ, ਲੋੜ ਭੀ ਕੋਈ ਪੂਰੀ ਨਹੀਂ ਹੁੰਦੀ। ਹੇ ਭਾਈ! ਮਨੁੱਖ ਦੀ ਖ਼ਿਦਮਤ ਬਹੁਤ ਦੁਖਦਾਈ ਹੋਇਆ ਕਰਦੀ ਹੈ। ਗੁਰੂ ਦੀ ਸੇਵਾ ਸਦਾ ਹੀ ਸੁਖ ਦੇਣ ਵਾਲੀ ਹੁੰਦੀ ਹੈ।2।

ਹੇ ਭਾਈ! ਜੇ ਤੂੰ ਚਾਹੁੰਦਾ ਹੈਂ ਕਿ ਸਦਾ ਆਤਮਕ ਆਨੰਦ ਮਿਲਿਆ ਰਹੇ, ਤਾਂ, ਗੁਰੂ ਨੇ ਦੱਸਿਆ ਹੈ ਕਿ ਸਾਧ ਸੰਗਤਿ ਕਰਿਆ ਕਰ। ਸਾਧ ਸੰਗਤਿ ਵਿਚ ਸਿਰਫ਼ ਪਰਮਾਤਮਾ ਦਾ ਨਾਮ ਜਪੀਦਾ ਹੈ, ਸਾਧ ਸੰਗਤਿ ਵਿਚ ਟਿਕ ਕੇ ਸੰਸਾਰ-ਸਮੁੰਦਰ ਤੋਂ ਪਾਰ ਲੰਘਣ ਜੋਗਾ ਹੋ ਜਾਈਦਾ ਹੈ।3।

ਹੇ ਭਾਈ! ਪਰਮਾਤਮਾ ਨਾਲ ਜਾਣ-ਪਛਾਣ ਬਣਾਣੀ ਸਭ ਵਿਚਾਰਾਂ ਨਾਲੋਂ ਸ੍ਰੇਸ਼ਟ ਵਿਚਾਰ ਹੈ। ਪਰਮਾਤਮਾ ਵਿਚ

ਸੁਰਤਿ ਟਿਕਾਈ ਰੱਖਣੀ ਹੋਰ ਸਾਰੀਆਂ ਸਮਾਧੀਆਂ ਨਾਲੋਂ ਵਧੀਆ ਸਮਾਧੀ ਹੈ। ਪਰਮਾਤਮਾ ਦੀ ਸਿਫ਼ਤਿ-ਸਾਲਾਹ ਵਿਚ ਸੁਰਤਿ ਜੋੜਨੀ ਸਭ ਤੋਂ ਸ੍ਰੇਸ਼ਟ ਕੰਮ ਹੈ। ਹੇ ਨਾਨਕ! ਗੁਰੂ ਨੂੰ ਮਿਲ ਕੇ ਗੁਣ ਗਾਂਦਾ ਰਿਹਾ ਕਰ।4।8।